Vigilance Bureau, Punjab

**Vigilance Bureau distributes face shields among frontline health workers**

Chandigarh, April 23: In a battle against Covid-19 pandemic outbreak, Punjab Vigilance Bureau today distributed face shields for protection of frontline health workers in Civil Surgeon office at S.A.S Nagar.

Disclosing this here today, spokesperson of the Vigilance Bureau said as per directions of Chief Director-cum ADGP Vigilance Bureau B.K. Uppal, teams of flying squad have already been formed to monitor the problems being faced by the people and steps have been taken to resolve their grievances. In this regard, VB teams also providing rations to the needy persons.

He further informed that teams of Vigilance Bureau flying squad-1 led by AIG Ashish Kapoor today distributed face shields to the front line employees of the Health Department to protect them from any kind of virus attack. Apart from this, AIG Ashish Kapoor have asked the Civil Surgeon about the need of such face shields for the other staff/officers working on the front line in this Covid-19 battle and gave assurance to provide more face shields as and when required in future.

In addition, he encouraged the health workers and told them to work hard while keeping themselves safe and said that Vigilance Bureau would always be at your disposal if you face any difficulty while performing your duty.

Among others present in the team included DSP Gurvinder Pal Singh, Inspector Sukhminder Singh, Reader/AIG Amrik Singh, District Epidemic Prevention Officer Dr. Renu Singh, Dr. Harman Kaur, DMC Dr. Daljit Singh, Health Inspector Bhupinder Singh, DHO Dr. Subhash and other health workers.

-----------



ਵਿਜੀਲੈਂਸ ਬਿਊਰੋ, ਪੰਜਾਬ

## ਵਿਜੀਲੈਂਸ ਬਿਊਰੋ ਨੇ ਮੋਹਰਲੀ ਕਤਾਰ ਵਿਚ ਕੰਮ ਕਰ ਰਹੇ ਸਿਹਤ ਕਰਮਚਾਰੀਆਂ ਲਈ ਫੇਸ ਸ਼ੀਲਡ ਵੰਡੇ

ਚੰਡੀਗੜ੍ਹ, 23 ਅਪ੍ਰੈਲ:

ਕੋਵਿਡ -19 ਮਹਾਂਮਾਰੀ ਵਿਰੁੱਧ ਲੜਾਈ ਵਿੱਚ ਯੋਗਦਾਨ ਪਾਉਂਦਿਆਂ ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਐੱਸ.ਏ.ਐੱਸ.ਨਗਰ ਵਿਖੇ ਸਿਵਲ ਸਰਜਨ ਦਫ਼ਤਰ ਵਿਚ ਫਰੰਟਲਾਈਨ ਸਿਹਤ ਕਰਮਚਾਰੀਆਂ ਦੀ ਸੁਰੱਖਿਆ ਲਈ ਫੇਸ ਸ਼ੀਲਡ ਵੰਡੇ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਮੁੱਖ ਡਾਇਰੈਕਟਰ-ਕਮ ਏਡੀਜੀਪੀ ਵਿਜੀਲੈਂਸ ਬਿਊਰੋ, ਸ੍ਰੀ ਬੀ.ਕੇ ਉੱਪਲ ਦੇ ਨਿਰਦੇਸ਼ਾਂ ਅਨੁਸਾਰ ਫਲਾਇੰਗ ਸਕੁਐਡ ਦੀਆਂ ਟੀਮਾਂ ਪਹਿਲਾਂ ਹੀ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਦੀ ਨਿਗਰਾਨੀ ਲਈ ਗਠਿਤ ਕਰ ਦਿੱਤੀਆਂ ਗਈਆਂ ਹਨ ਅਤੇ ਲੋਕਾਂ ਦੀਆਂ ਸ਼ਿਕਾਇਤਾਂ ਦੇ ਨਿਵਾਰਨ ਲਈ ਕਦਮ ਚੁੱਕੇ ਗਏ ਹਨ। ਇਸ ਸਬੰਧ ਵਿੱਚ ਬਿਊਰੋ ਦੀਆਂ ਟੀਮਾਂ ਲੋੜਵੰਦ ਵਿਅਕਤੀਆਂ ਨੂੰ ਰਾਸ਼ਨ ਵੀ ਪ੍ਰਦਾਨ ਕਰਦੀਆਂ ਹਨ।

ਉਨ੍ਹਾਂ ਅੱਗੇ ਦੱਸਿਆ ਕਿ ਏਆਈਜੀ ਅਸ਼ੀਸ਼ ਕਪੂਰ ਦੀ ਅਗਵਾਈ ਵਿੱਚ ਵਿਜੀਲੈਂਸ ਬਿਊਰੋ ਦੀ ਫਲਾਇੰਗ ਸਕੁਐਡ -1 ਦੀਆਂ ਟੀਮਾਂ ਨੇ ਅੱਜ ਸਿਹਤ ਵਿਭਾਗ ਦੇ ਫਰੰਟ ਲਾਈਨ ਕਰਮਚਾਰੀਆਂ ਨੂੰ ਕਿਸੇ ਵੀ ਕਿਸਮ ਦੇ ਵਾਇਰਸ ਦੇ ਹਮਲੇ ਤੋਂ ਬਚਾਉਣ ਲਈ ਫੇਸ ਸ਼ੀਲਡ ਵੰਡੇ। ਇਸ ਤੋਂ ਇਲਾਵਾ ਏਆਈਜੀ ਅਸ਼ੀਸ਼ ਕਪੂਰ ਨੇ ਸਿਵਲ ਸਰਜਨ ਨੂੰ ਇਸ ਕੋਵਿਡ -19 ਲੜਾਈ ਵਿਚ ਫਰੰਟ ਲਾਈਨ ▼ਤੇ ਕੰਮ ਕਰ ਰਹੇ ਹੋਰ ਸਟਾਫ / ਅਧਿਕਾਰੀਆਂ ਲਈ ਅਜਿਹੇ ਫੇਸ ਸ਼ੀਲਡਾਂ ਦੀ ਜ਼ਰੂਰਤ ਬਾਰੇ ਪੁੱਛਿਆ ਹੈ ਅਤੇ ਭਵਿੱਖ ਵਿਚ ਜ਼ਰੂਰਤ ਅਨੁਸਾਰ ਹੋਰ ਸ਼ੀਲਡ ਮੁਹੱਈਆ ਕਰਵਾਉਣ ਦਾ ਭਰੋਸਾ ਦਿੱਤਾ ਹੈ।

ਇਸ ਤੋਂ ਇਲਾਵਾ ਉਨ੍ਹਾਂ ਨੇ ਸਿਹਤ ਕਰਮਚਾਰੀਆਂ ਨੂੰ ਉਤਸ਼ਾਹਿਤ ਕੀਤਾ ਅਤੇ ਉਨ੍ਹਾਂ ਨੂੰ ਖ਼ੁਦ ਦੀ ਸੁਰੱਖਿਆ ਰੱਖਦੇ ਹੋਏ ਸਖਤ ਮਿਹਨਤ ਕਰਨ ਲਈ ਕਿਹਾ ਅਤੇ ਭਰੋਸਾ ਦਿੱਤਾ ਕਿ ਜੇਕਰ ਤੁਹਾਨੂੰ ਆਪਣੀ ਡਿਊਟੀ ਨਿਭਾਉਣ ਦੌਰਾਨ ਕੋਈ ਵੀ ਮੁਸ਼ਕਲ ਪੇਸ਼ ਆਉਂਦੀ ਹੈ ਤਾਂ ਵਿਜੀਲੈਂਸ ਬਿਊਰੋ ਹਮੇਸ਼ਾ ਤੁਹਾਡੇ ਨਾਲ ਖੜ੍ਹਾ ਹੈ।

ਟੀਮ ਵਿੱਚ ਹੋਰਨਾਂ ਤੋਂ ਇਲਾਵਾ ਡੀਐਸਪੀ ਗੁਰਵਿੰਦਰ ਪਾਲ ਸਿੰਘ, ਇੰਸਪੈਕਟਰ ਸੁਖਮਿੰਦਰ ਸਿੰਘ, ਰੀਡਰ / ਏਆਈਜੀ ਅਮਰੀਕ ਸਿੰਘ, ਜ਼ਿਲ੍ਹਾ ਮਹਾਂਮਾਰੀ ਰੋਕੂ ਅਫ਼ਸਰ ਡਾ: ਰੇਨੂ ਸਿੰਘ, ਡਾ ਹਰਮਨ ਕੌਰ, ਡੀਐਮਸੀ ਡਾ ਦਲਜੀਤ ਸਿੰਘ, ਸਿਹਤ ਇੰਸਪੈਕਟਰ ਭੁਪਿੰਦਰ ਸਿੰਘ, ਡੀਐਚਓ ਡਾ. ਸੁਭਾਸ਼ ਅਤੇ ਹੋਰ ਸਿਹਤ ਕਰਮਚਾਰੀ ਸ਼ਾਮਲ ਹਨ।

-----------

